**ਜਿਨਿ ਜਿਨਿ ਨਾਮੁ ਧਿਆਇਆ ਤਿਨ ਕੇ ਕਾਜ ਸਰੇ ॥ ਹਰਿ ਗੁਰੁ ਪੂਰਾ ਆਰਾਧਿਆ ਦਰਗਹ ਸਚਿ ਖਰੇ ॥ ਸਰਬ ਸੁਖਾ ਨਿਧਿ ਚਰਣ ਹਰਿ ਭਉਜਲੁ ਬਿਖਮੁ ਤਰੇ ॥ ਪ੍ਰੇਮ ਭਗਤਿ ਤਿਨ ਪਾਈਆ ਬਿਖਿਆ ਨਾਹਿ ਜਰੇ ॥ ਕੂੜ ਗਏ ਦੁਬਿਧਾ ਨਸੀ ਪੂਰਨ ਸਚਿ ਭਰੇ ॥ ਪਾਰਬ੍ਰਹਮੁ ਪ੍ਰਭੁ ਸੇਵਦੇ ਮਨ ਅੰਦਰਿ ਏਕੁ ਧਰੇ ॥ ਮਾਹ ਦਿਵਸ ਮੂਰਤ ਭਲੇ ਜਿਸ ਕਉ ਨਦਰਿ ਕਰੇ ॥ ਨਾਨਕੁ ਮੰਗੈ ਦਰਸ ਦਾਨੁ ਕਿਰਪਾ ਕਰਹੁ ਹਰੇ ॥੧੪॥੧॥** {ਪੰਨਾ 136}

ਪਦਅਰਥ:- ਜਿਨਿ—ਜਿਸ (ਮਨੁੱਖ) ਨੇ। ਸਰੇ—ਨੇਪਰੇ ਚੜ੍ਹ ਜਾਂਦੇ ਹਨ। ਖਰੇ —ਸੁਰਖ਼ਰੂ। ਦਰਗਹ ਸਚਿ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਹਜ਼ੂਰੀ ਵਿਚ। ਨਿਧਿ —ਖ਼ਜ਼ਾਨਾ। ਭਉਜਲੁ —ਸੰਸਾਰ-ਸਮੁੰਦਰ। ਬਿਖਮੁ —ਔਖਾ। ਤਿਨ —ਉਹਨਾਂ (ਬੰਦਿਆਂ) ਨੇ। ਬਿਖਿਆ —ਮਾਇਆ। ਜਰੇ —ਸੜਦੇ। ਕੂੜ—ਵਿਅਰਥ ਝੂਠੇ ਲਾਲਚ। ਦੁਬਿਧਾ —ਦੁਚਿੱਤਾ-ਪਨ, ਮਨ ਦੀ ਭਟਕਣਾ। ਸਚਿ —ਸੱਚੇ ਪ੍ਰਭੂ ਵਿਚ। ਭਰੇ —ਟਿਕੇ ਰਹਿੰਦੇ ਹਨ। ਧਰੇ —ਧਰਿ, ਧਰ ਕੇ। ਮਾਹ —ਮਹੀਨੇ। ਦਿਵਸ —ਦਿਹਾੜੇ। ਮੂਰਤ—ਮੁਹੂਰਤ। ਜਿਨ ਕਉ—ਜਿਨ੍ਹਾਂ ਉੱਤੇ। ਹਰੇ—ਹੇ ਹਰੀ।

ਅਰਥ:- ਜਿਸ ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਜਪਿਆ ਹੈ , ਉਹਨਾਂ ਦੇ ਸਾਰੇ ਕਾਰਜ ਸਫਲ ਹੋ ਜਾਂਦੇ ਹਨ, ਜਿਨ੍ਹਾਂ ਨੇ ਪ੍ਰਭੂ ਨੂੰ ਪੂਰੇ ਗੁਰੂ ਨੂੰ ਆਰਾਧਿਆ ਹੈ , ਉਹ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਹਜ਼ੂਰੀ ਵਿਚ ਸੁਰਖ਼ਰੂ ਹੁੰਦੇ ਹਨ। ਪ੍ਰਭੂ ਦੇ ਚਰਨ ਹੀ ਸਾਰੇ ਸੁੱਖਾਂ ਦਾ ਖ਼ਜ਼ਾਨਾ ਹਨ , (ਜਿਹੜੇ ਜੀਵ ਚਰਨੀਂ ਲੱਗਦੇ ਹਨ , ਉਹ) ਔਖੇ ਸੰਸਾਰ-ਸਮੁੰਦਰ ਵਿਚੋਂ (ਸਹੀ-ਸਲਾਮਤ) ਪਾਰ ਲੰਘ ਜਾਂਦੇ ਹਨ, ਉਹਨਾਂ ਨੂੰ ਪ੍ਰਭੂ ਦਾ ਪਿਆਰ ਪ੍ਰਭੂ ਦੀ ਭਗਤੀ ਪ੍ਰਾਪਤ ਹੁੰਦੀ ਹੈ , ਮਾਇਆ ਦੀ ਤ੍ਰਿਸ਼ਨਾ -ਅੱਗ ਵਿਚ ਉਹ ਨਹੀਂ ਸੜਦੇ। ਉਹਨਾਂ ਦੇ ਵਿਅਰਥ ਝੂਠੇ ਲਾਲਚ ਖ਼ਤਮ ਹੋ ਜਾਂਦੇ ਹਨ , ਉਹਨਾਂ ਦੇ ਮਨ ਦੀ ਭਟਕਣਾ ਦੂਰ ਹੋ ਜਾਂਦੀ ਹੈ , ਉਹ ਮੁਕੰਮਲ ਤੌਰ ਤੇ ਸਦਾ -ਥਿਰ ਹਰੀ ਵਿਚ ਟਿਕੇ ਰਹਿੰਦੇ ਹਨ , ਉਹ ਆਪਣੇ ਮਨ ਵਿਚ ਇਕੋ ਪਰਮ ਜੋਤਿ ਪਰਮਾਤਮਾ ਨੂੰ ਵਸਾ ਕੇ ਸਦਾ ਉਸ ਨੂੰ ਸਿਮਰਦੇ ਹਨ।

ਜਿਨ੍ਹਾਂ ਉੱਤੇ ਪ੍ਰਭੂ ਮਿਹਰ ਦੀ ਨਜ਼ਰ ਕਰਦਾ ਹੈ (ਆਪਣੇ ਨਾਮ ਦੀ ਦਾਤਿ ਦੇਂਦਾ ਹੈ ) ਉਹਨਾਂ ਵਾਸਤੇ ਸਾਰੇ ਮਹੀਨੇ ਸਾਰੇ ਦਿਹਾੜੇ ਸਾਰੇ ਹੀ ਮੁਹੂਰਤ ਸੁਲੱਖਣੇ ਹਨ (ਸੰਗ੍ਰਾਂਦ ਆਦਿਕ ਦੀ ਪਵਿਤ੍ਰਤਾ ਦੇ ਭਰਮ-ਭੁਲੇਖੇ ਉਹਨਾਂ ਨੂੰ ਨਹੀਂ ਪੈਂਦੇ)। ਹੇ ਹਰੀ! (ਮੇਰੇ ਉੱਤੇ) ਮਿਹਰ ਕਰ, ਮੈਂ ਨਾਨਕ (ਤੇਰੇ ਦਰ ਤੋਂ ਤੇਰੇ) ਦੀਦਾਰ ਦੀ ਦਾਤਿ ਮੰਗਦਾ ਹਾਂ।14।